ਦਫ਼ਤਰ ਡਾਇਰੈਕਟਰ, ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ, ਐਸ.ਏ.ਐਸ ਨਗਰ

ਸੇਵਾਵਾਂ ਸ਼ਾਖਾ, Email: dpiee.service@punjabeducation.gov.in

20240521

ਸੇਵਾ ਵਿਖੇ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐਸਿ/ਸੈਸਿ),
ਪੰਜਾਬ ਰਾਜ।

ਮੀਮੋ ਨੰ. ਈ 616318/ 2167
ਮਿਤੀ: ਐਸ.ਏ.ਐਸ ਨਗਰ: 22-07-2024

ਵਿਸ਼ਾ: **ਸਕੂਲਾਂ ਵਿੱਚ ਪੌਦੇ ਲਗਾਉਣ ਲਈ ਸਕੂਲ ਮੈਨੇਜਮੈਂਟ ਕਮੇਟੀਆਂ ਦਾ ਸਹਿਯੋਗ ਲੈਣ ਸਬੰਧੀ।**

ਉਪਰੋਕਤ ਸਬੰਧੀ ਆਪ ਦੇ ਧਿਆਨ ਵਿੱਚ ਲਿਆਇਆ ਜਾਂਦਾ ਹੈ ਕਿ ਸਕੂਲ ਮੈਨੇਜਮੈਂਟ ਕਮੇਟੀਆਂ ਬੱਚਿਆਂ ਦੀ ਭਲਾਈ ਅਤੇ ਸਕੂਲਾਂ ਦੇ ਸਰਵ ਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਪੰਜਾਬ ਰਾਜ ਦੇ ਹਰ ਬੱਚੇ ਤੱਕ ਉੱਚ ਗੁਣਵੱਤਾ ਵਾਲੀ ਸਿੱਖਿਆ ਪਹੁੰਚਾਉਣ ਦੇ ਨਾਲ ਨਾਲ ਪੀਣ ਲਈ ਸਾਫ਼ ਪਾਣੀ ਮੁਹੱਈਆ ਕਰਵਾਉਣ, ਹਵਾ ਦੀ ਗੁਣਵੱਤਾ ਵਿੱਚ ਸੁਧਾਰ ਲਈ ਵਾਤਾਵਰਣ ਨੂੰ ਹਰਾ ਭਰਾ ਤੇ ਸਾਫ਼ ਸੁਥਰਾ ਰੱਖਣ ਸਕੂਲ ਮੈਨੇਜਮੈਂਟ ਕਮੇਟੀਆਂ ਰਾਹੀਂ ਵਿਸ਼ੇਸ਼ ਯੋਗਦਾਨ ਪ੍ਰਦਾਨ ਕਰਦਾ ਹੈ। ਇਸ ਸਬੰਧ ਵਿੱਚ ਸਕੂਲ ਮੈਨੇਜਮੈਂਟ ਕਮੇਟੀਆਂ ਨੂੰ ਉਨ੍ਹਾਂ ਦੇ ਅਧੀਨ ਆਉਂਦੀਆਂ ਸੰਸਥਾਵਾਂ ਵਿੱਚੋਂ ਪੌਦੇ ਲਗਾਉਣ ਦੀ ਮੁਹਿੰਮ ਵਿੱਚ ਪੂਰਨ ਸਹਿਯੋਗ ਦੇਣ ਅਤੇ ਪੌਦਾਰੋਪਣ ਨੂੰ ਉਤਸ਼ਾਹਿਤ ਕਰਨ ਲਈ ਹੇਠਾਂ ਦਿੱਤੇ ਕਦਮ ਚੁੱਕਣ:-

(1) ਮੌਨਸੂਨ/ਸਾਵਣ ਦੀ ਰੁੱਤ ਨਵੇਂ ਪੌਦੇ ਲਗਾਉਣ ਲਈ ਸੱਭ ਤੋਂ ਵਾਜਿਬ ਸਮਾਂ ਮੰਨਿਆ ਗਿਆ ਹੈ। ਏਰੀਏ ਦੀ ਭੂਗੋਲਿਕ ਅਤੇ ਮੌਜੂਦਾ ਅਨੁਸਾਰ ਸਕੂਲ ਦੇ ਅੰਦਰ ਨਵੇਂ ਰੁੱਖ ਅਤੇ ਬੂਟੇ ਲਗਾਉਣ ਵਿੱਚ ਸਕੂਲਾਂ ਦੀ ਸਹਾਇਤਾ ਕਰਨ।

(2) ਇਹ ਸੁਨਿਸ਼ਚਿਤ ਕਰਨ ਕਿ ਇੱਕ ਵਿਭਿੰਨ ਅਤੇ ਸਿਹਤਮੰਦ ਈਕੋਸਿਸਟਮ ਬਣਾਉਣ ਲਈ ਅਲੱਗ-ਅਲੱਗ ਕਿਸਮਾਂ ਦੇ ਪੌਦਿਆਂ ਦੀ ਚੋਣ ਕੀਤੀ ਗਈ ਹੈ।

(3) ਐਸ.ਐਮ.ਸੀ. ਮੈਂਬਰ ਵੱਖ-ਵੱਖ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਸਿੱਖਿਅਤ ਕਰਨ ਅਤੇ ਉਨ੍ਹਾਂ ਦੇ ਮਾਪਿਆਂ/ਇਲਾਕਾ ਨਿਵਾਸੀਆਂ ਵਿੱਚ ਪੌਦੇ ਲਗਾਉਣ ਲਈ ਜਾਗਰੂਕਤਾ ਫੈਲਾਉਣ ਅਤੇ ਘਰ-ਘਰ ਹਰਿਆਲੀ ਦੀ ਮਹੱਤਤ ਸਮਝਾਉਂਦੇ ਹੋਏ ਸਿਹਤਮੰਦ ਅਤੇ ਮਾਨਸਿਕ ਤੰਦਰੁਸਤ ਜੀਵਨ ਬਤੀਤ ਕਰਨ ਲਈ ਆਮ ਲੋਕਾਂ ਨੂੰ ਉਤਸਾਹਿਤ ਕਰਨ।

(4) ਵਿਦਿਆਰਥੀਆਂ ਨੂੰ ਸਵੇਰ ਦੀ ਸਭਾ ਵਿੱਚ ਰੋਜ਼ਾਨਾ ਅਧਾਰ ਤੇ ਪਾਣੀ ਦੇ ਸੀਮਤ ਸਰੋਤਾਂ ਬਾਰੇ ਜਾਣਕਾਰੀ ਦੇਣ ਅਤੇ ਲਗਾਏ ਗਏ ਨਵੇਂ ਪੌਦਿਆਂ ਦੀ ਗਰਮੀ ਅਤੇ ਸਰਦ ਰੁੱਤ ਵਿੱਚ ਪੌਦਿਆਂ ਦੇ ਵਿਕਾਸ ਅਤੇ ਨਿਗਰਾਨੀ ਕਰਨ ਲਈ ਨਿਯਮਤ ਨਿਰੀਖਣ ਕਰਨ।

(5) ਐਸ.ਐਮ.ਸੀ. ਮੈਂਬਰ ਸਕੂਲ ਸਟਾਫ/ਵਿਦਿਆਰਥੀਆਂ/ਮਾਪਿਆਂ ਨੂੰ Monsoon ਦੀ ਰੁੱਤ ਦੇ ਗੁਣਾਂ ਬਾਰੇ ਦੱਸਦੇ ਹੋਏ ਆਪਣੇ ਇਲਾਕੇ (ਸਕੂਲ ਅਤੇ ਰਿਹਾਇਸ਼) ਦੇ ਆਲੇ-ਦੁਆਲੇ ਪੌਦੇ (ਘਣੀ ਛਾਂ, ਚਿਕਿਤਸਕ, ਫਲਦਾਰ, ਘੱਟ ਪਾਣੀ ਲੈਣ ਵਾਲੇ) ਰੁੱਖ ਲਗਾਉਣ ਅਤੇ ਉਨ੍ਹਾਂ ਦੇ ਲਾਭਾਂ ਦੀ ਜਾਣਕਾਰੀ ਦੇਕੇ ਵਾਤਾਵਰਣ ਸਾਫ ਰੱਖਣ ਲਈ ਲਾਜਮੀ ਤੌਰ ਤੇ ਜਾਗਰੂਕ ਕਰਨ।

ਸਾਡਾ ਮੰਨਣਾ ਹੈ ਕਿ ਸਕੂਲ ਮੈਨੇਜਮੈਂਟ ਕਮੇਟੀਆਂ ਦੀ ਸਰਗਰਮ ਸ਼ਮੂਲੀਅਤ ਨਾਲ ਅਸੀਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਹਰਿਆ-ਭਰਿਆ ਅਤੇ ਸਿਹਤਮੰਦ ਵਾਤਾਵਰਣ ਬਣਾ ਸਕਦੇ ਹਾਂ। ਇਸ ਪਹਿਲਕਦਮੀ ਵਿੱਚ ਤੁਹਾਡੇ ਸਮਰਪਣ ਅਤੇ ਯਤਨ ਸ਼ਲਾਘਾਯੋਗ ਹੋਣਗੇ।

**ਅਮਨਿੰਦਰ ਕੌਰ, ਪੀ.ਸੀ.ਐਸ.**
**ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ**

ਪਿੱਠ ਅੰਕਣ ਨੰ; ਉਕਤ ਮਿਤੀ: 22.07.2024

ਉਤਾਰਾ ਨਿਮਨਲਿਖਤ ਨੂੰ ਸੂਚਨਾ ਤੇ ਅਗਲੇਰੀ ਕਾਰਵਾਈ ਕਰਨ ਹਿੱਤ ਭੇਜਿਆ ਜਾਂਦਾ ਹੈ ਜੀ:-

1. ਨਿੱਜੀ ਸਹਾਇਕ, ਮਾਨਯੋਗ ਸਕੱਤਰ, ਸਕੂਲ ਸਿੱਖਿਆ, ਪੰਜਾਬ।
2. ਨਿੱਜੀ ਸਹਾਇਕ, ਮਾਨਯੋਗ ਡਾਇਰੈਕਟਰ ਜਨਰਲ, ਸਕੂਲ ਸਿੱਖਿਆ, ਪੰਜਾਬ।
3. ਨਿੱਜੀ ਸਹਾਇਕ, ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਸਿ), ਪੰਜਾਬ।
4. ਨਿੱਜੀ ਸਹਾਇਕ, ਡਾਇਰੈਕਟਰ ਸਕੂਲ ਐਜੂਕੇਸ਼ਨ (ਐਸਿ), ਪੰਜਾਬ।
5. ਨਿੱਜੀ ਸਹਾਇਕ, ਡਾਇਰੈਕਟਰ, ਐਸ.ਸੀ.ਈ.ਆਰ.ਟੀ., ਪੰਜਾਬ।

**ਸਹਾਇਕ ਡਾਇਰੈਕਟਰ**
**ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ**

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ**

ਪਿਠ ਅੰਕਣ ਨੰ :ਜੀ-1/1 ( )2024/ 10042 ਮਿਤੀ: 24/7/24

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ ,ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਵਿਚ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ।

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.)
ਬਠਿੰਡਾ